ਤੁਖਾਰੀ ਮਹਲਾ ੧ ॥ ਤਾਰਾ ਚੜਿਆ ਲੰਮਾ ਕਿਉ ਨਦਰਿ ਨਿਹਾਲਿਆ ਰਾਮ ॥ ਸੇਵਕ ਪੂਰ ਕਰੰਮਾ ਸਤਿਗੁਰਿ ਸਬਦਿ ਦਿਖਾਲਿਆ ਰਾਮ ॥ ਗੁਰ ਸਬਦਿ ਦਿਖਾਲਿਆ ਸਚੁ ਸਮਾਲਿਆ ਅਹਿਨਿਸਿ ਦੇਖਿ ਬੀਚਾਰਿਆ ॥ ਧਾਵਤ ਪੰਚ ਰਹੇ ਘਰੁ ਜਾਣਿਆ ਕਾਮੁ ਕ੍ਰੋਧੁ ਬਿਖੁ ਮਾਰਿਆ ॥ ਅੰਤਰਿ ਜੋਤਿ ਭਈ ਗੁਰ ਸਾਖੀ ਚੀਨੇ ਰਾਮ ਕਰੰਮਾ ॥ ਨਾਨਕ ਹਉਮੈ ਮਾਰਿ ਪਤੀਣੇ ਤਾਰਾ ਚੜਿਆ ਲੰਮਾ ॥੧॥ ਗੁਰਮੁਖਿ ਜਾਗਿ ਰਹੇ ਚੂਕੀ ਅਭਿਮਾਨੀ ਰਾਮ ॥ ਅਨਦਿਨੁ ਭੋਰੁ ਭਇਆ ਸਾਚਿ ਸਮਾਨੀ ਰਾਮ ॥ ਸਾਚਿ ਸਮਾਨੀ ਗੁਰਮੁਖਿ ਮਨਿ ਭਾਨੀ ਗੁਰਮੁਖਿ ਸਾਬਤੁ ਜਾਗੇ ॥ ਸਾਚੁ ਨਾਮੁ ਅੰਮ੍ਰਿਤੁ ਗੁਰਿ ਦੀਆ ਹਰਿ ਚਰਨੀ ਲਿਵ ਲਾਗੇ ॥ ਪ੍ਰਗਟੀ ਜੋਤਿ ਜੋਤਿ ਮਹਿ ਜਾਤਾ ਮਨਮੁਖਿ ਭਰਮਿ ਭੁਲਾਣੀ ॥ ਨਾਨਕ ਭੋਰੁ ਭਇਆ ਮਨੁ ਮਾਨਿਆ ਜਾਗਤ ਰੈਣਿ ਵਿਹਾਣੀ ॥੨॥ ਅਉਗਣ ਵੀਸਰਿਆ ਗੁਣੀ ਘਰੁ ਕੀਆ ਰਾਮ ॥ ਏਕੋ ਰਵਿ ਰਹਿਆ ਅਵਰੁ ਨ ਬੀਆ ਰਾਮ ॥ ਰਵਿ ਰਹਿਆ ਸੋਈ ਅਵਰੁ ਨ ਕੋਈ ਮਨ ਹੀ ਤੇ ਮਨੁ ਮਾਨਿਆ ॥ ਜਿਨਿ ਜਲ ਥਲ ਤ੍ਰਿਭਵਣ ਘਟੁ ਘਟੁ ਥਾਪਿਆ ਸੋ ਪ੍ਰਭੁ ਗੁਰਮੁਖਿ ਜਾਨਿਆ॥ ਕਰਣ ਕਾਰਣ ਸਮਰਥ ਅਪਾਰਾ ਤ੍ਰਿਬਿਧਿ ਮੇਟਿ ਸਮਾਈ ॥ ਨਾਨਕ ਅਵਗਣ ਗੁਣਹ ਸਮਾਣੇ ਐਸੀ ਗੁਰਮਤਿ ਪਾਈ ॥ ੩॥ ਆਵਣ ਜਾਣ ਰਹੇ ਚੂਕਾ ਭੋਲਾ ਰਾਮ ॥ ਹਉਮੈ ਮਾਰਿ ਮਿਲੇ ਸਾਚਾ ਚੋਲਾ ਰਾਮ ॥ ਹਉਮੈ ਗੁਰਿ ਖੋਈ ਪਰਗਟੁ ਹੋਈ ਚੂਕੇ ਸੋਗ ਸੰਤਾਪੈ ॥ ਜੋਤੀ ਅੰਦਰਿ ਜੋਤਿ ਸਮਾਣੀ ਆਪੁ ਪਛਾਤਾ ਆਪੈ ॥ ਪੇਈਅੜੈ ਘਰਿ ਸਬਦਿ ਪਤੀਣੀ ਸਾਹੁਰੜੈ ਪਿਰ ਭਾਣੀ ॥ ਨਾਨਕ ਸਤਿਗੁਰਿ ਮੇਲਿ ਮਿਲਾਈ ਚੂਕੀ ਕਾਣਿ ਲੋਕਾਣੀ ॥੪॥੩॥ {ਪੰਨਾ 1110-1111}

ਪਦਅਰਥ:- ਤਾਰਾ ਲੰਮਾ—ਬੋਦੀ ਵਾਲਾ ਤਾਰਾ {ਨੋਟ—ਜਦੋਂ ਬੋਦੀ ਵਾਲਾ ਤਾਰਾ ਚੜ੍ਹਦਾ ਹੈ, ਤਾਂ ਲੋਕ ਬੜੀ ਤਾਂਘ ਨਾਲ ਵੇਖਦੇ ਹਨ। ਸੂਰਜ ਦੇ ਚਾਨਣ ਵਿਚ ਤਾਂ ਦਿੱਸਦਾ ਨਹੀਂ। ਹਨੇਰਾ ਪੈਂਦਿਆਂ ਹੀ ਲੋਕ ਆਕਾਸ਼ ਵੱਲ ਤੱਕਣ ਲੱਗ ਪੈਂਦੇ ਹਨ}, ਸਰਬ-ਵਿਆਪਕ ਰੱਬੀ ਜੋਤਿ। ਕਿਉ—ਕਿਉਂ? ਕਿਵੇਂ? ਕਿਸ ਤਰ੍ਹਾਂ? ਨਿਹਾਲਿਆ—ਵੇਖਿਆ ਜਾਏ। ਸੇਵਕ ਪੂਰ ਕਰੰਮਾ—ਉਸ ਸੇਵਕ ਦੇ ਪੂਰੇ ਕਰਮ (ਜਾਗ ਪੈਂਦੇ ਹਨ)। ਸਤਿਗੁਰਿ—ਗੁਰੂ ਨੇ। ਸਬਦਿ—ਸ਼ਬਦ ਦੀ ਰਾਹੀਂ।

ਸਚੁ—ਸਦਾ-ਥਿਰ ਹਰਿ-ਨਾਮ। ਸਮਾਲਿਆ—ਹਿਰਦੇ ਵਿਚ ਵਸਾਇਆ। ਅਹਿ—ਦਿਨ। ਨਿਸਿ—ਰਾਤ। ਦੇਖਿ—ਵੇਖ ਕੇ। ਬੀਚਾਰਿਆ—(ਉਸ ਦੇ ਗੁਣਾਂ ਦੀ) ਵਿਚਾਰ ਕਰਦਾ ਹੈ। ਪੰਚ—ਪੰਜ ਗਿਆਨ-ਇੰਦ੍ਰੇ। ਧਾਵਤ ਰਹੇ—ਭਟਕਣ ਤੋਂ ਹਟ ਗਏ। ਬਿਖੁ—ਜ਼ਹਰ, ਆਤਮਕ ਮੌਤ ਲਿਆਉਣ ਵਾਲਾ ਜ਼ਹਰ।

ਅੰਤਰਿ—ਉਸ ਦੇ ਅੰਦਰ। ਜੋਤਿ—ਪਰਮਾਤਮਾ ਦਾ ਨੂਰ। ਗੁਰ ਸਾਖੀ—ਗੁਰੂ ਦੀ ਸਿੱਖਿਆ ਨਾਲ। ਚੀਨੇ—ਵੇਖਦਾ ਹੈ। ਰਾਮ ਕਰੰਮਾ—ਪਰਮਾਤਮਾ ਦੇ ਕੌਤਕਾਂ ਨੂੰ। ਨਾਨਕ—ਹੇ ਨਾਨਕ! ਮਾਰਿ—ਮਾਰ ਕੇ। ਪਤੀਣੇ—ਪਤੀਜ ਗਏ।1।

ਅਰਥ:- ਹੇ ਭਾਈ! ਵਿਆਪਕ-ਸਰੂਪ ਪਰਮਾਤਮਾ (ਸਾਰੇ ਜਗਤ ਵਿਚ ਆਪਣਾ) ਪਰਕਾਸ਼ ਕਰ ਰਿਹਾ ਹੈ। ਪਰ ਉਸ ਨੂੰ ਅੱਖਾਂ ਨਾਲ ਵੇਖਿਆ ਕਿਵੇਂ ਜਾਏ?

ਹੇ ਭਾਈ! ਗੁਰੂ ਨੇ ਆਪਣੇ ਸ਼ਬਦ ਦੀ ਰਾਹੀਂ (ਜਿਸ ਨੂੰ) ਦਰਸਨ ਕਰਾ ਦਿੱਤਾ, ਉਸ ਸੇਵਕ ਦੇ ਪੂਰੇ ਭਾਗ ਜਾਗ ਪਏ। ਜਿਸ ਮਨੁੱਖ ਨੂੰ ਗੁਰੂ ਦੇ ਸ਼ਬਦ ਨੇ (ਸਰਬ-ਵਿਆਪਕ ਪਰਮਾਤਮਾ) ਵਿਖਾਲ ਦਿੱਤਾ, ਉਹ ਸਦਾ-ਥਿਰ ਹਰਿ-ਨਾਮ ਨੂੰ ਆਪਣੇ ਹਿਰਦੇ ਵਿਚ ਵਸਾ ਲੈਂਦਾ ਹੈ। ਉਸ ਦਾ ਦਰਸਨ ਕਰ ਕੇ ਉਹ ਮਨੁੱਖ ਦਿਨ ਰਾਤ ਉਸ ਦੇ ਗੁਣਾਂ ਨੂੰ ਆਪਣੇ ਚਿੱਤ ਵਿਚ ਵਸਾਂਦਾ ਹੈ। ਉਹ ਮਨੁੱਖ (ਆਪਣੇ ਅਸਲ) ਘਰ ਨੂੰ ਜਾਣ ਲੈਂਦਾ ਹੈ, ਉਸ ਦੇ ਪੰਜੇ ਗਿਆਨ-ਇੰਦ੍ਰੇ

(ਵਿਕਾਰਾਂ ਵਲ) ਭਟਕਣ ਤੋਂ ਹਟ ਜਾਂਦੇ ਹਨ, ਉਹ ਮਨੁੱਖ ਆਤਮਕ ਮੌਤ ਲਿਆਉਣ ਵਾਲੇ ਕਾਮ ਨੂੰ ਕ੍ਰੋਧ ਨੂੰ ਮਾਰ ਮੁਕਾਂਦਾ ਹੈ।

ਹੇ ਭਾਈ! ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ ਉਸ ਮਨੁੱਖ ਦੇ ਅੰਦਰ ਰੱਬੀ ਜੋਤਿ ਪਰਗਟ ਹੋ ਜਾਂਦੀ ਹੈ (ਜੋ ਕੁਝ ਜਗਤ ਵਿਚ ਹੋ ਰਿਹਾ ਹੈ, ਉਸ ਨੂੰ) ਉਹ ਪਰਮਾਤਮਾ ਦੇ ਕੌਤਕ (ਜਾਣ ਕੇ) ਵੇਖਦਾ ਹੈ।

ਹੇ ਨਾਨਕ! (ਜਿਨ੍ਹਾਂ ਮਨੁੱਖਾਂ ਦੇ ਅੰਦਰ) ਸਰਬ-ਵਿਆਪਕ ਪ੍ਰਭੂ ਦੀ ਜੋਤਿ ਜਗ ਪੈਂਦੀ ਹੈ, ਉਹ (ਆਪਣੇ ਅੰਦਰੋਂ) ਹਉਮੈ ਨੂੰ ਮਾਰ ਕੇ (ਪਰਮਾਤਮਾ ਦੇ ਚਰਨਾਂ ਵਿਚ) ਸਦਾ ਟਿਕੇ ਰਹਿੰਦੇ ਹਨ।1।

ਪਦਅਰਥ:- ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ। ਜਾਗਿ ਰਹੇ—(ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦੇ ਹਨ। ਚੂਕੀ—ਮੁੱਕ ਜਾਂਦੀ ਹੈ। ਅਭਿਮਾਨੀ—ਅਹੰਕਾਰ ਵਾਲੀ ਦਸ਼ਾ। ਅਨਦਿਨੁ—ਹਰ ਰੋਜ਼, ਹਰ ਵੇਲੇ {Anuidn ੰ}। ਭੋਰੁ—ਦਿਨ, ਆਤਮਕ ਜੀਵਨ ਦੀ ਸੂਝ ਦਾ ਚਾਨਣ। ਸਾਚਿ—ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ। ਸਮਾਨੀ—(ਸੁਰਤਿ) ਟਿਕੀ ਰਹਿੰਦੀ ਹੈ। ਮਨਿ—ਮਨ ਵਿਚ। ਭਾਨੀ—ਭਾ ਜਾਂਦੀ ਹੈ, ਪਿਆਰੀ ਲੱਗਦੀ ਹੈ। ਸਾਬਤੁ—ਸੰਪੂਰਨ, ਉਕਾਈ-ਹੀਣ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ। ਸਾਚੁ ਨਾਮੁ—ਸਦਾ-ਥਿਰ ਹਰਿ-ਨਾਮ। ਗੁਰਿ—ਗੁਰੂ ਨੇ।

ਜੋਤਿ—ਹਰੇਕ ਜੋਤਿ ਵਿਚ, ਹਰੇਕ ਜੀਵ ਵਿਚ। ਜਾਤਾ—(ਪਰਮਾਤਮਾ ਨੂੰ ਵੱਸਦਾ) ਪਛਾਣ ਲਿਆ। ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਜੀਵ-ਇਸਤ੍ਰੀ। ਭਰਮਿ—ਭਟਕਣਾ ਦੇ ਕਾਰਨ। ਭੁਲਾਣੀ—ਕੁਰਾਹੇ ਪਈ ਰਹਿੰਦੀ ਹੈ। ਨਾਨਕ—ਹੇ ਨਾਨਕ! ਮਾਨਿਆ—ਪਤੀਜਿਆ ਰਹਿੰਦਾ ਹੈ। ਰੈਣਿ—ਜ਼ਿੰਦਗੀ ਦੀ ਰਾਤਿ।2।

ਅਰਥ:- ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ (ਮਾਇਆ ਦੇ ਹੱਲਿਆਂ ਵੱਲੋਂ) ਸੁਚੇਤ ਰਹਿੰਦੇ ਹਨ, (ਉਹਨਾਂ ਦੇ ਅੰਦਰੋਂ) ਅਹੰਕਾਰ ਵਾਲੀ ਦਸ਼ਾ ਮੁੱਕ ਜਾਂਦੀ ਹੈ। (ਉਹਨਾਂ ਦੇ ਅੰਦਰ) ਹਰ ਵੇਲੇ ਆਤਮਕ ਜੀਵਨ ਦੀ ਸੂਝ ਦਾ ਚਾਨਣ ਹੋਇਆ ਰਹਿੰਦਾ ਹੈ, (ਉਹਨਾਂ ਦੀ ਸੁਰਤਿ) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਟਿਕੀ ਰਹਿੰਦੀ ਹੈ।

ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖਾਂ ਦੀ ਸੁਰਤਿ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦੀ ਹੈ, (ਉਹਨਾਂ ਨੂੰ ਇਹ ਦਸ਼ਾ ਆਪਣੇ) ਮਨ ਵਿਚ ਪਿਆਰੀ ਲੱਗਦੀ ਹੈ। ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਸਦਾ ਹੀ ਸੁਚੇਤ ਰਹਿੰਦੇ ਹਨ। ਗੁਰੂ ਨੇ ਉਹਨਾਂ ਨੂੰ ਆਤਮਕ ਜੀਵਨ ਦੇਣ ਵਾਲਾ ਸਦਾ-ਥਿਰ ਹਰਿ-ਨਾਮ ਬਖ਼ਸ਼ਿਆ ਹੁੰਦਾ ਹੈ, ਉਹਨਾਂ ਦੀ ਲਿਵ ਪਰਮਾਤਮਾ ਦੇ ਚਰਨਾਂ ਵਿਚ ਲੱਗੀ ਰਹਿੰਦੀ ਹੈ।

ਹੇ ਭਾਈ! ਗੁਰਮੁਖਾਂ ਦੇ ਅੰਦਰ ਪਰਮਾਤਮਾ ਦੀ ਜੋਤਿ ਦਾ ਚਾਨਣ ਹੋ ਜਾਂਦਾ ਹੈ, ਉਹ ਹਰੇਕ ਜੀਵ ਵਿਚ ਉਸੇ ਰੱਬੀ ਜੋਤਿ ਨੂੰ ਵੱਸਦੀ ਸਮਝਦੇ ਹਨ। ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਜੀਵ-ਇਸਤ੍ਰੀ ਭਟਕਣਾ ਦੇ ਕਾਰਨ ਕੁਰਾਹੇ ਪਈ ਰਹਿੰਦੀ ਹੈ। ਹੇ ਨਾਨਕ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖਾਂ ਦੇ ਅੰਦਰ ਆਤਮਕ ਜੀਵਨ ਦੀ ਸੂਝ ਦਾ ਚਾਨਣ ਹੋਇਆ ਰਹਿੰਦਾ ਹੈ, ਉਹਨਾਂ ਦਾ ਮਨ (ਉਸ ਚਾਨਣ ਵਿਚ) ਪਰਚਿਆ ਰਹਿੰਦਾ ਹੈ। (ਮਾਇਆ ਦੇ ਹੱਲਿਆਂ ਵੱਲੋਂ) ਸੁਚੇਤ ਰਹਿੰਦਿਆਂ ਹੀ ਉਹਨਾਂ ਦੀ ਜੀਵਨ-ਰਾਤ ਬੀਤਦੀ ਹੈ।2।

ਪਦਅਰਥ:- ਗੁਣੀ—ਗੁਣਾਂ ਨੇ। ਘਰੁ ਕੀਆ—ਟਿਕਾਣਾ ਬਣਾ ਲਿਆ। ਏਕੋ—ਇਕ (ਪਰਮਾਤਮਾ) ਹੀ। ਰਵਿ ਰਹਿਆ—ਸਭ ਥਾਈਂ ਮੌਜੂਦ ਦਿੱਸਦਾ ਹੈ। ਬੀਆ—ਦੂਜਾ। ਤੇ—ਤੋਂ। ਮਨ ਹੀ ਤੇ—ਮਨ ਤੋਂ ਹੀ, ਅੰਤਰ ਆਤਮੇ ਹੀ। ਮਾਨਿਆ—ਪਤੀਜਿਆ ਰਹਿੰਦਾ ਹੈ, ਪਰਚਿਆ ਰਹਿੰਦਾ ਹੈ।

ਜਿਨਿ—ਜਿਸ (ਪਰਮਾਤਮਾ) ਨੇ। ਘਟ ਘਟ ਥਾਪਿਆ—ਹਰੇਕ ਸਰੀਰ ਬਣਾਇਆ ਹੈ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਕਰਣ ਕਾਰਣ—(ਸਾਰੇ) ਜਗਤ ਦਾ ਮੂਲ। ਸਮਰਥ—ਸਭ ਤਾਕਤਾਂ ਦਾ ਮਾਲਕ। ਅਪਾਰਾ—ਬੇਅੰਤ। ਤ੍ਰਿਬਿਧਿ—ਤਿੰਨ ਕਿਸਮਾਂ ਵਾਲੀ, ਤ੍ਰਿਗੁਣੀ ਮਾਇਆ। ਮੇਟਿ—ਮਿਟਾ ਕੇ। ਗੁਣਹ—ਗੁਣਾਂ ਵਿਚ।3।

ਅਰਥ:- ਹੇ ਭਾਈ! (ਜਿਸ ਮਨੁੱਖ ਦੇ ਹਿਰਦੇ-ਆਕਾਸ਼ ਵਿਚ 'ਤਾਰਾ ਚੜਿਆ ਲੰਮਾ', ਉਸ ਦੇ ਅੰਦਰੋਂ) ਸਾਰੇ ਔਗੁਣ ਮੁੱਕ ਜਾਂਦੇ ਹਨ, (ਉਸ ਦੇ ਅੰਦਰ) ਗੁਣ ਆਪਣਾ ਟਿਕਾਣਾ ਆ ਬਣਾਂਦੇ ਹਨ। ਉਸ ਮਨੁੱਖ ਨੂੰ ਇਕ ਪਰਮਾਤਮਾ ਹੀ ਹਰ ਥਾਂ ਮੌਜੂਦ ਦਿੱਸਦਾ ਹੈ, ਉਸ ਤੋਂ ਬਿਨਾ ਕੋਈ ਹੋਰ ਦੂਜਾ ਨਹੀਂ ਦਿੱਸਦਾ।

ਹੇ ਭਾਈ! (ਜਿਸ ਮਨੁੱਖ ਦੇ ਅੰਦਰ 'ਤਾਰਾ ਚੜਿਆ ਲੰਮਾ', ਉਸ ਨੂੰ) ਹਰ ਥਾਂ ਇਕ ਪਰਮਾਤਮਾ ਹੀ ਵੱਸਦਾ ਦਿੱਸਦਾ ਹੈ, ਉਸ ਤੋਂ ਬਿਨਾ ਕੋਈ ਹੋਰ ਉਸ ਨੂੰ ਨਹੀਂ ਦਿੱਸਦਾ, ਉਸ ਮਨੁੱਖ ਦਾ ਮਨ ਅੰਤਰ-ਆਤਮੇ (ਹਰਿ-ਨਾਮ ਵਿਚ) ਪਰਚਿਆ ਰਹਿੰਦਾ ਹੈ। ਜਿਸ (ਪਰਮਾਤਮਾ) ਨੇ ਜਲ ਥਲ ਤਿੰਨੇ ਭਵਨ ਹਰੇਕ ਸਰੀਰ ਬਣਾਇਆ ਹੈ, ਉਹ ਮਨੁੱਖ ਉਸ ਪਰਮਾਤਮਾ ਨਾਲ ਗੁਰੂ ਦੀ ਰਾਹੀਂ ਡੂੰਘੀ ਸਾਂਝ ਬਣਾਈ ਰੱਖਦਾ ਹੈ।

ਹੇ ਨਾਨਕ! (ਜਿਸ ਮਨੁੱਖ ਦੇ ਹਿਰਦੇ-ਆਕਾਸ਼ ਵਿਚ 'ਤਾਰਾ ਚੜਿਆ ਲੰਮਾ', ਉਹ ਆਪਣੇ ਅੰਦਰੋਂ) ਤ੍ਰਿਗੁਣੀ ਮਾਇਆ ਦਾ ਪ੍ਰਭਾਵ ਮਿਟਾ ਕੇ ਉਸ ਪਰਮਾਤਮਾ ਵਿਚ ਸਮਾਇਆ ਰਹਿੰਦਾ ਹੈ ਜੋ ਸਾਰੇ ਜਗਤ ਦਾ ਮੂਲ ਹੈ ਜੋ ਸਾਰੀਆਂ ਤਾਕਤਾਂ ਦਾ ਮਾਲਕ ਹੈ ਅਤੇ ਜੋ ਬੇਅੰਤ ਹੈ। ਹੇ ਨਾਨਕ! ਗੁਰੂ ਪਾਸੋਂ ਉਹ ਮਨੁੱਖ ਅਜਿਹੀ ਮਤਿ ਹਾਸਲ ਕਰ ਲੈਂਦਾ ਹੈ ਕਿ ਉਸ ਦੇ ਸਾਰੇ ਔਗੁਣ ਗੁਣਾਂ ਵਿਚ ਸਮਾ ਜਾਂਦੇ ਹਨ।3।

ਪਦਅਰਥ:- ਆਵਣ ਜਾਣ—{ਬਹੁ-ਵਚਨ} ਜਨਮ ਮਰਨ ਦੇ ਗੇੜ। ਰਹੇ—ਮੁੱਕ ਗਏ। ਚੂਕਾ—ਮੁੱਕ ਗਿਆ। ਭੋਲਾ—ਭੋਲਾਵਾ, ਭੈੜੀ ਜੀਵਨ-ਚਾਲ। ਮਾਰਿ—ਮਾਰ ਕੇ। ਸਾਚਾ—ਸਦਾ-ਥਿਰ, ਅਡੋਲ, ਵਿਕਾਰਾਂ ਦੇ ਹੱਲਿਆਂ ਤੋਂ ਅਡੋਲ, ਪਵਿੱਤਰ। ਚੋਲਾ—ਸਰੀਰ-ਚੋਲਾ।

ਗੁਰਿ—ਗੁਰੂ ਨੇ। ਖੋਈ—ਨਾਸ ਕਰ ਦਿੱਤੀ। ਪਰਗਟੁ—ਪ੍ਰਸਿੱਧ, ਸੋਭਾ ਵਾਲੀ। ਚੂਕੇ—ਮੁੱਕ ਗਏ। ਸੋਗ—ਗ਼ਮ। ਸੰਤਾਪੈ—ਦੁੱਖ-ਕਲੇਸ਼। ਸਮਾਣੀ—ਲੀਨ ਹੋ ਗਈ। ਆਪੁ—ਆਪਣੇ ਆਪ ਨੂੰ। ਆਪੈ—ਆਪਣੇ ਆਪ ਨੂੰ।

ਪੇਈਅੜੈ—ਪੇਕੇ (ਘਰ) ਵਿਚ। ਪੇਈਅੜੈ ਘਰਿ—ਪੇਕੇ ਘਰ ਵਿਚ, ਇਸ ਲੋਕ ਵਿਚ। ਸਬਦਿ—ਗੁਰੂ ਦੇ ਸ਼ਬਦ ਵਿਚ। ਪਤੀਣੀ—ਪਤੀਜੀ ਰਹੀ। ਸਾਹੁਰੜੈ—ਪਰਲੋਕ ਵਿਚ। ਪਿਰ ਭਾਣੀ—ਪਿਰ ਨੂੰ ਭਾ ਗਈ, ਪ੍ਰਭੂ-ਪਤੀ ਨੂੰ ਚੰਗੀ ਲੱਗੀ। ਸਤਿਗੁਰਿ—ਗੁਰੂ ਨੇ। ਮੇਲਿ—ਮੇਲ ਕੇ। ਕਾਣਿ—ਮੁਥਾਜੀ। ਲੋਕਾਣੀ—ਜਗਤ ਦੀ।4।

ਅਰਥ:- ਹੇ ਭਾਈ! (ਜਿਨ੍ਹਾਂ ਦੇ ਹਿਰਦੇ-ਆਕਾਸ਼ ਵਿਚ 'ਤਾਰਾ ਚੜਿਆ ਲੰਮਾ', ਉਹਨਾਂ ਦੇ) ਜਨਮ ਮਰਨ ਦੇ ਗੇੜ ਮੁੱਕ ਗਏ, ਉਹਨਾਂ ਦੀ ਕੋਝੀ ਜੀਵਨ-ਚਾਲ ਖ਼ਤਮ ਹੋ ਗਈ। ਉਹ (ਆਪਣੇ ਅੰਦਰੋਂ) ਹਉਮੈ ਦੂਰ ਕਰ ਕੇ (ਪ੍ਰਭੂ-ਚਰਨਾਂ ਵਿਚ) ਜੁੜ ਗਏ, ਉਹਨਾਂ ਦਾ ਸਰੀਰ (ਵਿਕਾਰਾਂ ਦੇ ਹੱਲਿਆਂ ਦੇ ਟਾਕਰੇ ਤੇ) ਅਡੋਲ ਹੋ ਗਿਆ।

ਹੇ ਭਾਈ! ਗੁਰੂ ਨੇ ਜਿਸ ਜੀਵ-ਇਸਤ੍ਰੀ ਦੀ ਹਉਮੈ ਦੂਰ ਕਰ ਦਿੱਤੀ, ਉਹ (ਲੋਕ ਪਰਲੋਕ ਵਿਚ) ਸੋਭਾ ਵਾਲੀ ਹੋ ਗਈ, ਉਸ ਦੇ ਸਾਰੇ ਗ਼ਮ ਸਾਰੇ ਦੁੱਖ-ਕਲੇਸ਼ ਮੁੱਕ ਗਏ। ਉਸ ਦੀ ਜਿੰਦ ਪਰਮਾਤਮਾ ਦੀ ਜੋਤਿ ਵਿਚ ਮਿਲੀ ਰਹਿੰਦੀ ਹੈ, ਉਹ ਆਪਣੇ ਆਤਮਕ ਜੀਵਨ ਦੀ ਸਦਾ ਪੜਤਾਲ ਕਰਦੀ ਰਹਿੰਦੀ ਹੈ।

ਹੇ ਭਾਈ! ਜਿਹੜੀ ਜੀਵ-ਇਸਤ੍ਰੀ ਇਸ ਲੋਕ ਵਿਚ ਗੁਰੂ ਦੇ ਸ਼ਬਦ ਵਿਚ ਪਰਚੀ ਰਹਿੰਦੀ ਹੈ, ਉਹ ਪਰਲੋਕ ਵਿਚ (ਜਾ ਕੇ) ਪ੍ਰਭੂ-ਪਤੀ ਨੂੰ ਭਾ ਜਾਂਦੀ ਹੈ। ਹੇ ਨਾਨਕ! ਜਿਸ ਜੀਵ-ਇਸਤ੍ਰੀ ਨੂੰ ਗੁਰੂ ਨੇ (ਆਪਣੇ ਸ਼ਬਦ ਵਿਚ) ਜੋੜ ਕੇ ਪ੍ਰਭੂ ਨਾਲ ਮਿਲਾ ਦਿੱਤਾ, ਉਸ ਨੂੰ ਦੁਨੀਆ ਦੀ ਮੁਥਾਜੀ ਨਹੀਂ ਰਹਿ ਜਾਂਦੀ।4।3।